## TODAY'S HUKAMNAMA FROM SRI DARBAR SAHIB, Sri Amritsar.

**[January 22nd, 2018 - Monday - 05:30 AM. IST]**

**ਟੋਡੀ ਮਹਲਾ ੫ ॥**

**ਹਰਿ ਬਿਸਰਤ ਸਦਾ ਖੁਆਰੀ ॥ ਤਾ ਕਉ ਧੋਖਾ ਕਹਾ ਬਿਆਪੈ ਜਾ ਕਉ ਓਟ ਤੁਹਾਰੀ ॥ ਰਹਾਉ ॥ ਬਿਨੁ ਸਿਮਰਨ ਜੋ ਜੀਵਨੁ ਬਲਨਾ ਸਰਪ ਜੈਸੇ ਅਰਜਾਰੀ ॥ ਨਵ ਖੰਡਨ ਕੋ ਰਾਜੁ ਕਮਾਵੈ ਅੰਤਿ ਚਲੈਗੋ ਹਾਰੀ ॥੧॥ ਗੁਣ ਨਿਧਾਨ ਗੁਣ ਤਿਨ ਹੀ ਗਾਏ ਜਾ ਕਉ ਕਿਰਪਾ ਧਾਰੀ ॥ ਸੋ ਸੁਖੀਆ ਧੰਨੁ ਉਸੁ ਜਨਮਾ ਨਾਨਕ ਤਿਸੁ ਬਲਿਹਾਰੀ ॥੨॥੨॥**

**ਸੋਮਵਾਰ, ੯ ਮਾਘ (ਸੰਮਤ ੫੪੯ ਨਾਨਕਸ਼ਾਹੀ) ੨੨ ਜਨਵਰੀ, ੨੦੧੮ (ਅੰਗ: ੭੧੧)**

**ਪੰਜਾਬੀ ਵਿਆਖਿਆ :**

**ਟੋਡੀ ਮਹਲਾ ੫ ॥**

**ਹੇ ਭਾਈ ! ਪਰਮਾਤਮਾ ਦੇ ਨਾਮ ਨੂੰ ਭੁਲਾਇਆਂ ਸਦਾ ਮਾਇਆ ਦੇ ਹੱਥੋਂ ਮਨੁੱਖ ਦੀ ਬੇ-ਪਤੀ ਹੀ ਹੁੰਦੀ ਹੈ। ਹੇ ਪ੍ਰਭੂ ! ਜਿਸ ਮਨੁੱਖ ਨੂੰ ਤੇਰਾ ਆਸਰਾ ਹੋਵੇ, ਉਸ ਨੂੰ ਮਾਇਆ ਦੇ ਕਿਸੇ ਭੀ ਵਿਕਾਰ ਵੱਲੋਂ ਧੋਖਾ ਨਹੀਂ ਲੱਗ ਸਕਦਾ।ਰਹਾਉ। ਹੇ ਭਾਈ ! ਪਰਮਾਤਮਾ ਦਾ ਨਾਮ ਸਿਮਰਨ ਤੋਂ ਬਿਨਾ ਜਿਤਨੀ ਭੀ ਜ਼ਿੰਦਗੀ ਗੁਜ਼ਾਰਨੀ ਹੈ, ਉਹ ਇਉ ਹੀ ਹੁੰਦੀ ਹੈ, ਜਿਵੇਂ ਸੱਪ ਆਪਣੀ ਉਮਰ ਗੁਜ਼ਾਰਦਾ ਹੈ, ਉਮਰ ਭਾਵੇ ਲੰਮੀ ਹੁੰਦੀ ਹੈ, ਪਰ ਉਹ ਸਦਾ ਆਪਣੇ ਅੰਦਰ ਜ਼ਹਰ ਪੈਦਾ ਕਰਦਾ ਰਹਿੰਦਾ ਹੈ। ਸਿਮਰਨ ਤੋਂ ਵਾਂਜਿਆ ਹੋਇਆ ਮਨੁੱਖ ਜੇ ਸਾਰੀ ਧਰਤੀ ਦਾ ਰਾਜ ਭੀ ਕਰਦਾ ਰਹੇ, ਤਾਂ ਭੀ ਮਨੁੱਖਾ ਜੀਵਨ ਦੀ ਬਾਜ਼ੀ ਹਾਰ ਕੇ ਹੀ ਜਾਂਦਾ ਹੈ।੧। ਹੇ ਨਾਨਕ ! ਆਖ-ਹੇ ਭਾਈ ! ਗੁਣਾਂ ਦੇ ਖ਼ਜ਼ਾਨੇ ਹਰੀ ਦੇ ਗੁਣ ਉਸ ਮਨੁੱਖ ਨੇ ਹੀ ਗਾਏ ਹਨ, ਜਿਸ ਉੱਤੇ ਹਰੀ ਨੇ ਮਿਹਰ ਕੀਤੀ ਹੈ । ਉਹ ਮਨੁੱਖ ਸਦਾ ਸੁਖੀ ਜੀਵਨ ਬਤੀਤ ਕਰਦਾ ਹੈ, ਉਸ ਦੀ ਜ਼ਿੰਦਗੀ ਮੁਬਾਰਕ ਹੁੰਦੀ ਹੈ। ਅਜੇਹੇ ਮਨੁੱਖ ਤੋਂ ਸਦਕੇ ਹੋਣਾ ਚਾਹੀਦਾ ਹੈ ।੨।੨।**

**English Translation:**

**TODEE, FIFTH MEHL:**

Forgetting the Lord, one is ruined forever. How can anyone be deceived, who has Your Support, O Lord? || Pause || Without meditating in remembrance on the Lord, life is like a burning fire, even if one lives long, like a snake. One may rule over the nine regions of the earth, but in the end, he shall have to depart, losing the game of life. || 1 || He alone sings the Glorious Praises of the Lord, the treasure of virtue, upon whom the Lord showers His Grace. He is at peace, and his birth is blessed; Nanak is a sacrifice to him. || 2 || 2 ||

**Monday, 9th Maagh (Samvat 549 Nanakshahi) 22nd January, 2018 (Page: 711)**